15ਵੀਂ ਵਿਧਾਨ ਸਭਾ
ਦੂਜਾ ਸਮਾਗਮ

ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ: 8
ਸ਼ੁੱਕਰਵਾਰ, 23 ਜੂਨ, 2017
(10.00 ਵਜੇ ਸਵੇਰ ਤੋਂ 01. 24 ਵਜੇ ਬਾਅਦ ਦੁਪਹਿਰ ਤੱਕ)

1. ਪ੍ਰਸ਼ਨ

(ੳ) ਮੁਲਤਵੀ ਕੀਤਾ ਨਿਸ਼ਾਨ ਵਾਲਾ ਪ੍ਰਸ਼ਨ ਨੰ. 16 ਸਬੰਧਤ ਮੈਂਬਰ ਵੱਲੋਂ ਪੇਸ਼ ਨਹੀਂ ਕੀਤਾ ਗਿਆ।

(ਅ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 8 | 9 | 3 | - | 21 |

(ੲ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 06

2. ਵਾਕ ਆਊਟ

i) ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ, ਕੱਲ੍ਹ ਮਿਤੀ 22.06.17 ਨੂੰ ਆਮ ਆਦਮੀ ਪਾਰਟੀ ਦੇ ਮੈਂਬਰਾਂ ਨੂੰ ਸਦਨ ਵਿੱਚੋਂ ਬਾਹਰ ਕੱਢਣ ਦੇ ਰੋਸ ਵਜੋਂ ਸਰਕਾਰ ਅਤੇ ਚੇਅਰ ਵਿਰੋਧੀ ਨਾਅਰੇ ਮਾਰਦੇ ਹੋਏ, ਫਲੋਰ ਕਰਾਸ ਕਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

ii) ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਕੱਲ੍ਹ ਮਿਤੀ 22.06.17 ਨੂੰ ਆਮ ਆਦਮੀ ਪਾਰਟੀ ਦੇ ਮੈਂਬਰਾਂ ਨੂੰ ਸਦਨ ਵਿੱਚੋਂ ਬਾਹਰ ਕੱਢਣ ਦੇ ਰੋਸ ਵਜੋਂ ਸਰਕਾਰ ਅਤੇ ਚੇਅਰ ਵਿਰੋਧੀ ਨਾਅਰੇ ਮਾਰਦੇ ਹੋਏ, ਫਲੋਰ ਕਰਾਸ ਕਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

3. ਸੰਸਦੀ ਮਾਮਲੇ ਮੰਤਰੀ ਦੁਆਰਾ ਐਲਾਨ

ਸੰਸਦੀ ਮਾਮਲੇ ਮੰਤਰੀ ਵੱਲੋਂ ਐਲਾਨ ਕੀਤਾ ਗਿਆ ਕਿ ਪੰਜਾਬ ਦੇ ਤਿੰਨ ਮੈਡੀਕਲ ਕਾਲਜ ਤੇ ਹਸਪਤਾਲਾਂ ਅਤੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡਾਇਲਸਿਸ ਦੀ ਸਹੂਲਤ ਅੱਜ ਤੋਂ ਮੁਫਤ ਦਿੱਤੀ ਜਾਵੇਗੀ।

4. ਵਿਸ਼ੇਸ਼ ਅਧਿਕਾਰ ਹਨਣ ਪ੍ਰਸਤਾਵ

ਸੰਸਦੀ ਮਾਮਲੇ ਮੰਤਰੀ ਵੱਲੋਂ ਨਿਮਨਲਿਖਤ ਵਿਸ਼ੇਸ਼ ਅਧਿਕਾਰ ਹਨਣ ਦਾ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕੱਲ੍ਹ ਮਿਤੀ 22.6.2017 ਨੂੰ ਸਦਨ ਵਿੱਚ ਅਜਿਹੀਆਂ ਨਮੋਸ਼ੀ ਵਾਲੀਆਂ ਘਟਨਾਵਾਂ ਜਿਵੇਂ ਪ੍ਰਸ਼ਨ ਕਾਲ ਵਿਚ ਵਾਰ ਵਾਰ ਵਿਘਨ ਪਾਉਣਾ, ਸਦਨ ਦੀ ਫਲੋਰ ਨੂੰ ਜਾਣ ਬੁਝ ਕੇ ਕਰਾਸ ਕਰਨਾ, ਉੱਚੀ ਉੱਚੀ ਨਾਅਰੇਬਾਜੀ, ਚੇਅਰ ਬਾਰੇ ਬਹੁਤ ਹੀ ਇਤਰਾਜ਼ਯੋਗ ਅਤੇ ਅਨਪਾਰਲੀਮੈਂਟਰੀ ਸ਼ਬਦਾਵਲੀ ਦਾ ਪ੍ਰਯੋਗ, ਚੇਅਰ ਵੱਲ ਪੇਪਰ ਸੁੱਟਣੇ ਅਤੇ ਡਿਊਟੀ ਨਿਭਾਅ ਰਹੇ ਸਟਾਫ ਦੀ ਮਾਰ-ਕੁਟਾਈ ਕਰਨਾ, ਇਹੋ ਜਿਹੀਆਂ ਘਟਨਾਵਾਂ ਹਨ, ਜਿਨ੍ਹਾਂ ਨੇ ਸਾਡਾ ਸਾਰਿਆਂ ਦਾ ਸਿਰ ਸ਼ਰਮ ਨਾਲ ਝੁਕਾਅ ਦਿੱਤਾ ਹੈ। ਇਨ੍ਹਾਂ ਸ਼ਰਮਨਾਕ ਘਟਨਾਵਾਂ ਨੂੰ ਵਾਪਰਨ ਤੋਂ ਰੋਕਣ ਲਈ ਮਾਨਯੋਗ ਸਪੀਕਰ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਗਈ ਅਤੇ ਇਨ੍ਹਾਂ ਘਟਨਾਵਾਂ ਕਰਕੇ ਹੀ ਮਾਨਯੋਗ ਸਪੀਕਰ ਵੱਲੋਂ ਤਿੰਨ ਵਾਰ ਸਦਨ ਨੂੰ ਸਥਗਿਤ ਕਰਨ ਲਈ ਮਜਬੂਰ ਹੋਣਾ ਪਿਆ। ਇਸ ਦੌਰਾਨ ਸਦਨ ਦੇ ਮੈਂਬਰਾਂ ਵੱਲੋਂ ਮਾਨਯੋਗ ਸਪੀਕਰ ਦੀ ਚੇਅਰ ਨੂੰ ਨਿਸ਼ਾਨਾ ਬਣਾ ਕੇ ਬਹੁਤ ਹੀ ਮਾੜੀ ਸ਼ਬਦਾਵਲੀ ਦਾ ਇਸਤੇਮਾਲ ਕੀਤਾ ਗਿਆ। ਇਹ ਮਸਲਾ ਉਸ ਸਮੇਂ ਅਤਿ ਗੰਭੀਰ ਹੋ ਜਾਂਦਾ ਹੈ ਜਦੋਂ ਇੱਕ ਜ਼ਿੰਮੇਵਾਰ ਪਾਰਟੀ ਦੇ ਪ੍ਰਧਾਨ ਅਤੇ ਇਸ ਸਦਨ ਦੇ ਮੈਂਬਰ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਚੇਅਰ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਤੇ ਨਿੱਜੀ ਦੂਸ਼ਣਬਾਜ਼ੀ ਕੀਤੀ ਜਾਵੇ।

ਜਾਰੀ/.....

ਇਹ ਸਦਨ ਇੱਕ ਬਹੁਤ ਹੀ ਪਵਿੱਤਰ ਸਥਾਨ ਹੈ। ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਨਿਰਪੱਖ ਢੰਗ ਨਾਲ ਚਲਾਉਣ ਲਈ ਨਿਯਮਾਂ ਅਨੁਸਾਰ ਕੰਮ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਵੱਲੋਂ ਸਰਕਾਰ ਅਤੇ ਵਿਰੋਧੀ ਧਿਰਾਂ ਨੂੰ ਬਰਾਬਰ ਦਾ ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਤੇ ਪੱਖਪਾਤ ਕਰਨ ਦੇ ਇਲਜ਼ਾਮ ਲਗਾਉਣੇ ਇਸ ਸਦਨ ਅਤੇ ਮਾਨਯੋਗ ਸਪੀਕਰ ਦੀ ਚੇਅਰ ਦੀ ਬਹੁਤ ਵੱਡੀ ਹਤਕ ਹੈ ਅਤੇ ਸਦਨ ਦੀ ਅਵਮਾਨਨਾ (contempt) ਹੈ।

ਕੱਲ੍ਹ ਮਿਤੀ 22.6.2017 ਨੂੰ ਸਦਨ ਦੇ ਇੱਕ ਮੈਂਬਰ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਮਾਨਯੋਗ ਸਪੀਕਰ ਨੂੰ ਇਹ ਕਹਿਣਾ -ਤੁਸੀਂ ਇਥੇ ਪੱਗਾਂ ਲੁਹਾਉਣੀਆਂ.ਹਨ, ਇਥੇ ਕੋਈ ਅਖਾੜਾ ਨਹੀਂ ਹੈ, You are acting like dictator- ਅਤੇ ਇਸ ਤੋਂ ਇਲਾਵਾ ਇਲੈਕਟ੍ਰਾਨਿਕ ਮੀਡੀਆ ਅਤੇ ਸੋਸ਼ਲ ਮੀਡੀਆ ਤੇ ਵੀ ਮਾਨਯੋਗ ਸਪੀਕਰ ਬਾਰੇ ਬਹੁਤ ਹੀ ਅਨਪਾਰਲੀਮੈਂਟਰੀ ਅਤੇ ਇਤਰਾਜ਼ਯੋਗ ਸ਼ਬਦਾਂ ਦਾ ਇਸਤੇਮਾਲ ਕੀਤਾ ਗਿਆ ਹੈ ਜੋ ਕਿ ਇਸ ਪਵਿੱਤਰ ਸਦਨ ਅਤੇ ਚੇਅਰ ਦੀ ਬਹੁਤ ਵੱਡੀ ਤੌਹੀਨ ਅਤੇ ਅਵਮਾਨਨਾ ਦਾ ਮਾਮਲਾ ਬਣਦਾ ਹੈ, ਜਿਸ ਦੀ ਇਹ ਸਦਨ ਭਰਪੂਰ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ।

ਇਹ ਜੋ ਕੁਝ ਵੀ ਵਾਪਰਿਆ ਹੈ, ਇਸ ਤੋਂ ਲਗਦਾ ਹੈ ਕਿ ਸਦਨ ਦੇ ਮੈਂਬਰ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਜਾਣ ਬੁੱਝ ਕੇ ਸਦਨ ਦੇ ਨਿਯਮਾਂ ਦੀ ਉਲੰਘਣਾ ਕੀਤੀ ਗਈ ਹੈ ਤੇ ਸਦਨ ਅਤੇ ਮਾਨਯੋਗ ਸਪੀਕਰ ਦੀ ਚੇਅਰ ਦੀ ਮਾਨ ਮਰਿਆਦਾ ਨੂੰ ਠੇਸ ਪਹੁੰਚਾਈ ਗਈ ਹੈ।

ਮਾਨਯੋਗ ਸਪੀਕਰ ਸਾਹਿਬ, ਇਹ ਸਦਨ ਜ਼ੋਰਦਾਰ ਮੰਗ ਕਰਦਾ ਹੈ ਕਿ ਸਦਨ ਦੇ ਮੈਂਬਰ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀਆਂ ਗਈਆਂ ਉਪਰੋਕਤ ਕਾਰਵਾਈਆਂ ਦਾ ਮਾਮਲਾ ਨਿਯਮਾਂ ਅਧੀਨ ਯੋਗ ਕਾਰਵਾਈ ਕਰਨ ਲਈ ਸਦਨ ਦੀ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਸੌਂਪਿਆ ਜਾਵੇ।"

ਪ੍ਰਸਤਾਵ ਤੇ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਮਾਨਯੋਗ ਮੈਂਬਰ ਸਰਦਾਰ ਨਵਤੇਜ ਸਿੰਘ ਚੀਮਾ ਅਤੇ ਸਰਦਾਰ ਕੁਸ਼ਲਦੀਪ ਸਿੰਘ ਢਿੱਲੋਂ 01-01 ਮਿੰਟ ਲਈ ਬੋਲੇ।

5. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: II ਅਧੀਨ ਦਰਸਾਏ ਗਏ ਲੜੀ ਨੰ. 1 ਤੋਂ 3 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

6. <u>ਨਿਯਮ 16 ਅਧੀਨ ਪ੍ਰਸਤਾਵ</u>

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

7. <u>ਵਿਧਾਨਕ ਕੰਮ-ਕਾਰ</u>

1. <u>ਖਾਲਸਾ ਯੂਨੀਵਰਸਿਟੀ (ਮਨਸੂਖੀ) ਬਿਲ, 2017</u>

ਉਚੇਰੀ ਸਿੱਖਿਆ ਮੰਤਰੀ ਨੇ ਖਾਲਸਾ ਯੂਨੀਵਰਸਿਟੀ (ਮਨਸੂਖੀ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਮਾਨਯੋਗ ਮੈਂਬਰ, ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ, ਇੰਡੀਅਨ ਨੈਸ਼ਨਲ ਕਾਂਗਰਸ, 31 ਮਿੰਟ ਅਤੇ ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ, 06 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਖਾਲਸਾ ਯੂਨੀਵਰਸਿਟੀ (ਮਨਸੂਖੀ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਜਾਰੀ/....

2. ਪੰਜਾਬ ਸਹਿਕਾਰੀ ਸਭਾਵਾਂ (ਸੋਧਨਾ) ਬਿਲ, 2017

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਸਹਿਕਾਰੀ ਸਭਾਵਾਂ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਮਾਨਯੋਗ ਮੈਂਬਰ, ਸਰਦਾਰ ਬਲਬੀਰ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ 01 ਮਿੰਟ ਲਈ ਬੋਲੇ।

ਸੰਸਦੀ ਮਾਮਲੇ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 4 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਸਹਿਕਾਰੀ ਸਭਾਵਾਂ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2017

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਸੰਸਦੀ ਮਾਮਲੇ ਮੰਤਰੀ ਬਿਲ ਪੇਸ਼ ਕਰਦੇ ਸਮੇਂ 01 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ। (ਸਰਬਸੰਮਤੀ ਨਾਲ)

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

4. ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2017

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਨੇ ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 7 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ। (ਸਰਬਸੰਮਤੀ ਨਾਲ)

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

5. ਪੰਜਾਬ ਮਿਉਂਸਪਲ (ਸੋਧਨਾ) ਬਿਲ, 2017

ਸਥਾਨਕ ਸਰਕਾਰ ਮੰਤਰੀ ਨੇ ਪੰਜਾਬ ਮਿਉਂਸਪਲ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਸਥਾਨਕ ਸਰਕਾਰ ਮੰਤਰੀ ਬਿਲ ਪੇਸ਼ ਕਰਦੇ ਸਮੇਂ 01 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਜਾਰੀ/....

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਮਿਉਂਸਪਲ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

6. **ਪੰਜਾਬ ਮਿਉਂਸਪਲ ਕਾਰਪੋਰੇਸ਼ਨ (ਸੋਧਨਾ) ਬਿਲ, 2017**

ਸਥਾਨਕ ਸਰਕਾਰ ਮੰਤਰੀ ਨੇ ਪੰਜਾਬ ਮਿਉਂਸਪਲ ਕਾਰਪੋਰੇਸ਼ਨ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਹੇਠ ਲਿਖੇ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |
| 2. | ਸ਼੍ਰੀਮਤੀ ਸਤਕਾਰ ਕੌਰ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ। (ਸਰਬਸੰਮਤੀ ਨਾਲ)

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਮਿਉਂਸਪਲ ਕਾਰਪੋਰੇਸ਼ਨ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

7. **ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017**

ਤਕਨੀਕੀ ਸਿੱਖਿਆ ਮੰਤਰੀ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਤਕਨੀਕੀ ਸਿੱਖਿਆ ਮੰਤਰੀ ਬਿਲ ਪੇਸ਼ ਕਰਦੇ ਸਮੇਂ 01 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਤਕਨੀਕੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

8. **ਆਈ.ਕੇ.ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017**

ਤਕਨੀਕੀ ਸਿੱਖਿਆ ਮੰਤਰੀ ਨੇ ਆਈ.ਕੇ.ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ। (ਸਰਬਸੰਮਤੀ ਨਾਲ)

ਤਕਨੀਕੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਆਈ.ਕੇ.ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

9. **ਪੰਜਾਬ ਆਬਕਾਰੀ (ਸੋਧਨਾ) ਬਿਲ, 2017**

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਆਬਕਾਰੀ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਸੰਸਦੀ ਮਾਮਲੇ ਮੰਤਰੀ ਬਿਲ ਪੇਸ਼ ਕਰਦੇ ਸਮੇਂ 03 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸੁਰਬਸੰਮਤੀ ਨਾਲ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਆਬਕਾਰੀ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਪ੍ਰਵਾਨ ਹੋਇਆ।

10. **ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਦੂਜੀ ਸੋਧਨਾ) ਬਿਲ, 2017**

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਦੂਜੀ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਸੰਸਦੀ ਮਾਮਲੇ ਮੰਤਰੀ ਬਿਲ ਪੇਸ਼ ਕਰਦੇ ਸਮੇਂ 01 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 13 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਦੂਜੀ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

11. **ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਸੋਧਨਾ ਬਿਲ, 2017**

ਵਿੱਤ ਮੰਤਰੀ ਨੇ ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਸੋਧਨਾ ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਵਿੱਤ ਮੰਤਰੀ ਬਿਲ ਪੇਸ਼ ਕਰਦੇ ਸਮੇਂ 03 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 6 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਸੋਧਨਾ ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

12. **ਪੰਜਾਬ ਮਿਉਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2017**

ਵਿੱਤ ਮੰਤਰੀ ਨੇ ਪੰਜਾਬ ਮਿਉਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਵਿੱਤ ਮੰਤਰੀ ਬਿਲ ਪੇਸ਼ ਕਰਦੇ ਸਮੇਂ 02 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਜਾਰੀ/....

ਬਿਲ ਤੇ ਕਲਾਜ-ਵਾਰ ਵਿਚਾਰ ਦੌਰਾਨ, ਕਲਾਜ 1 ਦੀ ਸਬ-ਕਲਾਜ਼ (2), ਕਲਾਜਾਂ 2 ਤੋਂ 7 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਬਿਲ ਤੇ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਸਥਾਨਕ ਸਰਕਾਰ ਮੰਤਰੀ 02 ਮਿੰਟ ਲਈ ਬੋਲੇ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਮਿਊਂਸਪਲ ਬੁਨਿਆਦੀ ਢਾਂਚਾ ਵਿਕਾਸ ਫੰਡ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

8. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਸਰਦਾਰ ਗੁਰਜੀਤ ਸਿੰਘ ਔਜਲਾ, ਐਮ.ਪੀ., ਲੋਕ ਸਭਾ, ਦੇ ਸਦਨ ਵਿੱਚ ਹਾਜਰ ਹੋਣ ਬਾਰੇ ਸਦਨ ਨੂੰ ਜਾਣੂ ਕਰਾਇਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ:
ਮਿਤੀ 23 ਜੂਨ, 2017

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ

17/1/22

Principal Chief Reporter
Punjab Vidhan Sabha
Chandigrah